# ਪੰਜਾਬ ਵਿਧਾਨ ਸਭਾ

## ਬਾਰ੍ਹਵਾਂ (ਬਜਟ) ਸਮਾਗਮ

## ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ

## 9 ਮਾਰਚ 2026

----

ਕੁੱਲ ਪ੍ਰਸ਼ਨ - 4

----

### ਰਾਸ਼ਟਰੀ ਤੇ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਲਏ ਗਏ 'ਸੁਓ ਮੋਟੂ ਨੋਟਿਸਾਂ' ਤੇ ਕੀਤੀ ਗਈ ਕਾਰਵਾਈ ਦੇ ਵੇਰਵੇ

600 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਮੁੱਖ ਮੰਤਰੀ :-**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਕੀ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਵਿੱਚ ਮਨੁੱਖੀ ਅਧਿਕਾਰਾਂ ਦੀਆਂ ਉਲੰਘਣਾਂ ਦੀਆਂ ਇਲੈਕਟ੍ਰੋਨਿਕ ਅਤੇ ਪ੍ਰਿੰਟ ਮੀਡੀਆ ਵਿੱਚ ਅਕਸਰ ਨਸ਼ਰ ਹੁੰਦੀਆਂ ਖ਼ਬਰਾਂ ਦੇ ਅਧਾਰ ਤੇ ਸੁਓ ਮੋਟੂ ਨੋਟਿਸ ਲਿਆ ਜਾਂਦਾ ਹੈ;

**ਅ**) ਜੇਕਰ ਉਪਰੋਕਤ ਭਾਗ (ੳ) ਦਾ ਉੱਤਰ ਹਾਂ ਵਿੱਚ ਹੋਵੇ ਤਾਂ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਅਤੇ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਰਾਜ ਵਿੱਚ ਸਾਲ, 2019 ਤੋਂ ਹੁਣ ਤੱਕ ਦਲਿਤਾਂ ਉੱਤੇ ਅੱਤਿਆਚਾਰ ਅਤੇ ਇੱਜ਼ਤ ਦੇ ਨਾਂ ਤੇ ਹੋਣ ਵਾਲੇ ਕਤਲ, ਸਰਕਾਰੀ ਕੰਮਾਂ ਵਿੱਚ ਦੇਰੀ, ਹਿਰਾਸਤੀ ਮੌਤ, ਜ਼ਮੀਨੀ ਪਾਣੀ ਦੀ ਪ੍ਰਦੂਸ਼ਣਤਾ, ਬੁਨਿਆਦੀ ਢਾਂਚੇ ਨਾਲ ਸਬੰਧਤ ਹਾਦਸੇ, ਆਵਾਰਾ ਕੁੱਤਿਆਂ ਦੇ ਹਮਲੇ, ਪਾਣੀ ਦੀ ਗੁਣਵੱਤਾ, ਜੇਲ੍ਹਾਂ ਵਿੱਚ ਝਗੜੇ, ਮਨੁੱਖਾਂ ਤੇ ਹਮਲੇ ਨਕਲੀ ਸ਼ਰਾਬ ਕਾਰਨ ਮੌਤਾਂ, ਜੇਲ੍ਹਾਂ ਵਿੱਚ ਨਸ਼ੇ ਦੀ ਵਰਤੋਂ, ਡੁੱਬਣਾ ਸਮੇਤ ਹੋਰ ਕਿਹੜੇ-ਕਿਹੜੇ ਮਾਮਲਿਆਂ ਵਿੱਚ ਘਟਨਾ ਵਾਪਰਨ ਤੋਂ ਕਿੰਨੇ ਸਮੇਂ ਦੇ ਅੰਦਰ-ਅੰਦਰ 'ਸੁਓ ਮੋਟੂ ਨੋਟਿਸ' ਲਿਆ ਗਿਆ ਤੇ ਇਨ੍ਹਾਂ ਨੋਟਿਸਾ ਦੇ ਅਧਾਰ ਤੇ ਮਨੁੱਖੀ ਅਧਿਕਾਰਾਂ ਦਾ ਉਲੰਘਣ ਕਰਨ ਵਾਲਿਆਂ ਖਿਲਾਫ਼ ਘਟਨਾ ਵਾਪਰਨ ਤੋਂ ਕਿੰਨੇ-ਕਿੰਨੇ ਸਮੇਂ ਬਾਅਦ ਕੀ ਕਾਰਵਾਈ ਕੀਤੀ ਗਈ;

ੲ) ਰਾਜ ਦੇ ਸਾਰੇ ਨਾਗਰਿਕਾਂ ਖਾਸ ਕਰਕੇ ਆਮ ਲੋਕਾਂ ਦੇ ਮਨੁੱਖੀ ਅਧਿਕਾਰਾਂ ਨੂੰ ਪ੍ਰੋਟੈਕਟ ਕਰਨ ਲਈ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਕੀ ਕਾਰਵਾਈ ਕੀਤੀ ਗਈ ਹੈ; ਵਿਸਥਾਰ ਸਹਿਤ ਦੱਸਿਆ ਜਾਵੇ?

----

## ਟਰਾਂਸਪੋਰਟ ਵਿਭਾਗ ਵਿੱਚ ਕੱਚੇ ਮੁਲਾਜ਼ਮਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨਾ

603 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਟਰਾਂਸਪੋਰਟ, ਜੇਲ੍ਹਾਂ ਵਿਭਾਗ :-**

ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

(ੳ) ਟਰਾਂਸਪੋਰਟ ਵਿਭਾਗ ਵਿੱਚ ਜਨਵਰੀ, 2007 ਤੋਂ ਕਿੰਨੇ ਤੇ ਕਿਹੜੇ ਦਰਜੇ ਦੇ ਮੁਲਾਜ਼ਮ ਕਦੋਂ-ਕਦੋਂ ਠੇਕੇ ਤੇ ਜਾਂ ਵੱਖ-ਵੱਖ ਸਕੀਮਾਂ ਰਾਹੀਂ ਭਰਤੀ ਕੀਤੇ ਗਏ ਸਨ ਅਤੇ ਇਨ੍ਹਾਂ ਕਰਮਚਾਰੀਆਂ ਨੂੰ ਪ੍ਰਤੀ ਮਹੀਨਾ ਕਿੰਨੀ-ਕਿੰਨੀ ਤਨਖ਼ਾਹ ਦਿੱਤੀ ਜਾ ਰਹੀ ਹੈ, ਕੀ ਇਨ੍ਹਾਂ ਕਰਮਚਾਰੀਆਂ ਨੂੰ ਰੈਗੂਲਰ ਕਰਮਚਾਰੀਆਂ ਦੇ ਬਰਾਬਰ ਕੰਮ ਬਰਾਬਰ ਤਨਖ਼ਾਹ ਦਿੱਤੀ ਜਾ ਰਹੀ ਹੈ ਅਤੇ ਇਨ੍ਹਾਂ ਨੂੰ ਕਿਰਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਈ ਐਸ ਆਈ, ਈ ਪੀ ਐਫ਼ ਅਤੇ ਬੀਮਾ ਆਦਿ ਦੀਆਂ ਸਹੂਲਤਾਂ ਦਿੱਤੀਆਂ ਪ੍ਰੋਵਾਈਡ ਕਰਵਾਈਆਂ ਜਾ ਰਹੀਆਂ ਹਨ;

(ਅ) ਕੀ ਠੇਕੇ ਤੇ ਕੰਮ ਕਰ ਰਹੇ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਅਤੇ ਅੱਗੇ ਤੋਂ ਵਿਭਾਗ ਵਿੱਚ ਠੇਕੇ ਤੇ ਭਰਤੀ ਪੱਕੇ ਤੌਰ ਤੇ ਬੰਦ ਕਰਨ ਤੇ ਪੱਕੀ ਭਰਤੀ ਕਰਨ ਦੀ ਕੋਈ ਤਜ਼ਵੀਜ ਸਰਕਾਰ ਦੇ ਵਿਚਾਰ ਅਧੀਨ ਹੈ, ਜੇਕਰ ਹੈ ਤਾਂ ਕਦੋਂ ਤੱਕ ਇਨ੍ਹਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ;

(ੲ) ਕੀ ਉਪਰੋਕਤ ਭਾਗ (ਅ) ਵਿੱਚ ਵਰਣਿਤ ਕਰਮਚਾਰੀਆਂ ਦੀ ਭਰਤੀ ਵਿੱਚ ਲੋੜੀਂਦੀ ਸੰਵਿਧਾਨਿਕ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ਼੍ਰੇਣੀਆਂ ਨੂੰ ਲੋੜੀਂਦੀ ਪ੍ਰਤੀਨਿਧਤਾ ਦਿੱਤੀ ਗਈ ਹੈ? ਜੇਕਰ ਅਜਿਹਾ ਹੋਵੇ ਤਾਂ ਉਪਰੋਕਤ ਵਰਣਿਤ ਸਮੇਂ ਦੇ ਅੰਦਰ ਕੀਤੀ ਗਈ ਕੁੱਲ ਭਰਤੀ ਅਤੇ ਉਨ੍ਹਾਂ ਵਿਚੋਂ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨਾਲ ਸਬੰਧਤ ਕਰਮਚਾਰੀਆਂ ਦੀ ਗਿਣਤੀ ਦਰਸਾਉਂਦਾ ਵਿਵਰਣ ਮੁਹੱਈਆ ਕਰਵਾਇਆ ਜਾਵੇ, ਜੇਕਰ ਨਹੀਂ ਤਾਂ ਭਰਤੀ ਵਿੱਚ ਰਿਜ਼ਰਵੇਸ਼ਨ ਪਾਲਿਸੀ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਲੋੜੀਂਦੀ ਪ੍ਰਤੀਨਿਧਤਾ ਕਦੋਂ ਤੱਕ ਦੇ ਦਿੱਤੀ ਜਾਵੇਗੀ ਅਤੇ ਸੰਵਿਧਾਨਿਕ ਰਿਜ਼ਰਵੇਸ਼ਨ ਪਾਲਿਸੀ ਦੀ ਉਲੰਘਣਾ ਕਰਨ ਲਈ ਕਿਹੜੇ-ਕਿਹੜੇ ਅਧਿਕਾਰੀ ਜਿੰਮੇਵਾਰ ਹਨ ਅਤੇ ਅਜਿਹੇ ਅਧਿਕਾਰੀਆਂ ਖ਼ਿਲਾਫ਼ ਸਰਕਾਰ ਨੇ ਕੀ ਕਾਰਵਾਈ ਕੀਤੀ ਹੈ; ਵੇਰਵੇ ਸਹਿਤ ਦੱਸਿਆ ਜਾਵੈ?

----

## ਰੱਦ ਕੀਤੀਆਂ ਗਈਆਂ ਜੀ.ਐੱਸ.ਟੀ. ਰਜਿਸਟ੍ਰੇਸ਼ਨਾਂ ਦੇ ਵੇਰਵੇ

609 **ਡਾ. ਸੁਖਵਿੰਦਰ ਕੁਮਾਰ ਸੁੱਖੀ (ਬੰਗਾ):**

**ਵਿੱਤ, ਯੋਜਨਾ, ਪ੍ਰੋਗਰਾਮ ਲਾਗੂ ਕਰਨ, ਆਬਕਾਰੀ ,ਕਰ :-**

ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਪੰਜਾਬ ਵਿੱਚ ਅਪ੍ਰੈਲ 2022 ਤੋਂ ਦਸੰਬਰ 2025 ਤੱਕ ਖਾਸ ਤੌਰ ਤੇ ਵਪਾਰਕ ਅਸਫਲਤਾ, ਵਪਾਰ ਬੰਦ ਹੋਣ ਜਾਂ ਦਿਵਾਲੀਆ ਹੋਣ ਕਾਰਨ ਰੱਦ ਕੀਤੀਆਂ ਗਈਆਂ ਜੀ.ਐੱਸ.ਟੀ. ਰਜਿਸਟ੍ਰੇਸ਼ਨਾਂ ਦੀ ਕੁੱਲ ਗਿਣਤੀ ਕਿੰਨੀ ਹੈ;

**ਅ**) ਟੈਕਸ ਪਾਲਣਾ ਦੇ ਮੁੱਦਿਆਂ ਜਾਂ ਨੋਟਿਸਾਂ ਦੇ ਕਾਰਨ ਅਜਿਹੀਆਂ ਰੱਦ ਕੀਤੀਆਂ ਰਜਿਸਟ੍ਰੇਸ਼ਨਜ਼ ਦੀ ਗਿਣਤੀ ਕਿੰਨੀ ਹੈ;

**ੲ**) ਕੀ ਪ੍ਰਭਾਵਿਤ ਛੋਟੇ ਵਪਾਰੀਆਂ ਲਈ ਕੋਈ ਵਪਾਰ ਭਲਾਈ ਯੋਜਨਾ, ਬੀਮਾ ਜਾਂ ਪੈਨਸ਼ਨ ਫੰਡ ਹੈ; ਜੇਕਰ ਨਹੀਂ ਤਾਂ ਇਸ ਦੇ ਕੀ ਕਾਰਨ ਹਨ ਅਤੇ ਸ਼ੁਰੂਆਤ ਕਰਨ ਲਈ ਪ੍ਰਸਤਾਵਿਤ ਸਮਾਂ-ਸੀਮਾ ਕੀ ਹੈ;

**ਸ**) ਕੀ ਇਸ ਸਮੇਂ ਦੌਰਾਨ ਛੋਟੇ ਵਪਾਰੀਆਂ (5 ਕਰੋੜ ਰੁਪਏ ਤੋਂ ਘੱਟ ਦਾ ਕਾਰੋਬਾਰ) ਤੋਂ ਕੁੱਲ ਜੁਰਮਾਨਾ ਅਤੇ ਵਿਆਜ ਇਕੱਠਾ ਕੀਤਾ ਗਿਆ ਹੈ ਅਤੇ ਕੀ ਕੁਝ ਹਿੱਸਾ ਟੈਕਸਦਾਤਾ ਰਾਹਤ ਫੰਡ ਲਈ ਐਲੋਕੇਟ ਕੀਤਾ ਗਿਆ ਹੈ?

----

## ਪ੍ਰਾਇਮਰੀ ਖੇਤੀਬਾੜੀ ਸਹਿਕਾਰਤਾ ਸੁਸਾਇਟੀਆਂ (ਪੀ.ਏ.ਸੀ.ਐਸ.) ਦੇ ਵੇਰਵੇ

**613 ਸ. ਗੁਰਦਿੱਤ ਸਿੰਘ (ਫਰੀਦਕੋਟ):**

**ਮੁੱਖ ਮੰਤਰੀ :-**

ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ**) ਹਲਕਾ ਫ਼ਰੀਦਕੋਟ ਵਿੱਚ ਕੁੱਲ ਕਿੰਨੀ ਰਜਿਸਟਰਡ ਸਹਿਕਾਰਤਾ ਸੁਸਾਇਟੀਆਂ ਹਨ, ਉਨ੍ਹਾਂ ਵਿੱਚੋਂ ਕਿੰਨੀਆਂ ਸਰਗਰਮ ਹਨ ਅਤੇ ਪਿਛਲੇ ਪੰਜ ਸਾਲਾਂ ਵਿੱਚ ਕਿੰਨੀਆਂ ਬੰਦ ਹੋਈਆਂ ਹਨ; ;

**ਅ**) ਹਲਕਾ ਫ਼ਰੀਦਕੋਟ ਦੀਆਂ ਸਹਿਕਾਰਤਾ ਸੁਸਾਇਟੀਆਂ ਰਾਹੀਂ ਪਿਛਲੇ ਤਿੰਨ ਸਾਲਾਂ ਵਿੱਚ ਕਿਸਾਨਾਂ ਨੂੰ ਦਿੱਤਾ ਗਿਆ ਕੁੱਲ ਫਸਲੀ ਕਰਜ਼ਾ ਕਿੰਨਾ ਹੈ ਅਤੇ ਕਰਜ਼ ਮਾਫ਼ੀ ਸਕੀਮਾਂ ਅਧੀਨ ਕਿੰਨੇ ਲਾਭਪਾਤਰੀ ਹਨ; ਵੇਰਵੇ ਸਹਿਤ ਦੱਸਿਆ ਜਾਵੇ;

**ੲ**) ਹਲਕਾ ਫ਼ਰੀਦਕੋਟ ਵਿੱਚ ਸਹਿਕਾਰਤਾ ਬੈਂਕਾਂ/ਸੁਸਾਇਟੀਆਂ ਵਿੱਚ ਮਨਜ਼ੂਰਸ਼ੁਦਾ ਅਤੇ ਖਾਲੀ ਅਸਾਮੀਆਂ ਦੀ ਗਿਣਤੀ ਕਿੰਨੀ ਹੈ; ਕੀ ਸਰਕਾਰ ਵੱਲੋਂ ਭਰਤੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ; ਜੇਕਰ ਹਾਂ ਤਾਂ ਇਸਦੀ ਸਮਾਂ ਸੀਮਾ ਕੀ ਹੈ;

**ਸ**) ਕੀ ਹਲਕਾ ਫ਼ਰੀਦਕੋਟ ਦੀਆਂ ਸਹਿਕਾਰਤਾ ਸੁਸਾਇਟੀਆਂ ਨੂੰ ਖਾਦ, ਬੀਜ ਅਤੇ ਖੇਤੀਬਾੜੀ ਸਮੱਗਰੀ ਦੀ ਸਪਲਾਈ ਸਮੇਂ-ਸਿਰ ਮਿਲ ਰਹੀ ਹੈ; ਜੇਕਰ ਨਹੀਂ ਤਾਂ ਕੀ ਕਾਰਣ ਹਨ; ਵੇਰਵੇ ਸਹਿਤ ਦੱਸਿਆ ਜਾਵੇ?

----

**ਚੰਡੀਗੜ੍ਹ - 160001.** **ਰਾਮ ਲੋਕ ਖਟਾਣਾ,**

**08 ਮਾਰਚ 2026.** **ਸਕੱਤਰ**